ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ

ਪ੍ਰੈਸ ਨੋਟ 1

ਸਿਹਤ ਵਿਭਾਗ ਵੱਲੋਂ ਬਣਾਈ ਗਈ ਸਰਵੇਲੈਂਸ ਆਪ੍ਰੇਸ਼ਨਲ ਪ੍ਰੋਸੀਜ਼ਰ ਟੀਮ

ਰੈਂਡਮ ਚੈਕਿੰਗ ਮੁਹਿੰਮ ਤਹਿਤ 11 ਮਰੀਜ਼ਾਂ ਦੇ ਨੇਜ਼ੋਫਰੈਂਜੀਅਲ ਸੈਂਪਲ ਲਏ ਗਏ -ਡਾ. ਹੁਸਨ ਪਾਲ

ਕੋਰੋਨਾ ਵਾਇਰਸ ਨੂੰ ਮੱਦੇਨਜ਼ਰ ਰੱਖਦਿਆਂ ਸਿਹਤ ਵਿਭਾਗ ਵੱਲੋਂ ਰੈਂਡਮ ਚੈਕਿੰਗ ਮੁਹਿੰਮ ਦੀ ਸ਼ੁਰੂਆਤ

ਫਿਰੋਜ਼ਪੁਰ 16 ਅਪ੍ਰੈਲ 2020

ਸਿਵਲ ਸਰਜਨ ਫਿਰੋਜ਼ਪੁਰ ਡਾ. ਨਵਦੀਪ ਸਿੰਘ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਬਲਵੀਰ ਕੁਮਾਰ ਸੀ.ਐੱਚ. ਸੀ. (ਕਮਿਊਨਿਟੀ ਹੈਲਥ ਸੈਂਟਰ) ਗੁਰੂਹਰਸਹਾਏ ਦੇ ਦਿਸ਼ਾ-ਨਿਰਦੇਸ਼ਾਂ ਹੇਠ ਮੈਡੀਕਲ ਸਪੈਸ਼ਲਿਸਟ ਡਾ. ਹੁਸਨ ਪਾਲ ਦੀ ਰਹਿਨੁਮਾਈ ਹੇਠ ਸਰਵੇਲੈਂਸ ਆਪ੍ਰੇਸ਼ਨਲ ਪ੍ਰੋਸੀਜ਼ਰ ਤਹਿਤ ਇੱਕ ਟੀਮ ਬਣਾਈ ਗਈ ਹੈ, ਜਿਸ ਵਿੱਚ ਮੈਡੀਕਲ ਅਫਸਰ ਡਾ. ਰਮਨਦੀਪ ਕੌਰ, ਅਜੇ ਕੁਮਾਰ ਐਮ ਐਲ ਟੀ ਗਰੇਡ -1, ਹਨੂੰ ਕੁਮਾਰ ਰੂਰਲ ਫਾਰਮੇਸੀ ਅਫਸਰ, ਬੰਤਾ ਸਿੰਘ ਵਾਰਡ ਅਟੈਂਡੈਂਟ ਸ਼ਾਮਿਲ ਹਨ।

ਇਹ ਜਾਣਕਾਰੀ ਦਿੰਦਿਆਂ ਮੈਡੀਕਲ ਸਪੈਸ਼ਲਿਸਟ ਡਾ. ਹੁਸਨ ਪਾਲ ਨੇ ਦੱਸਿਆ ਕਿ ਕੋਵਿਡ-19 (ਕੋਰੋਨਾ) ਵਾਇਰਸ ਨੂੰ ਦੇਖਦਿਆਂ ਸਿਹਤ ਵਿਭਾਗ ਫਿਰੋਜ਼ਪੁਰ ਵੱਲੋਂ ਨਿਗਰਾਨੀ ਦਾ ਦਾਇਰਾ ਵਧਾਉਂਦੇ ਹੋਏ ਰੈਂਡਮ ਚੈਕਿੰਗ ਮੁਹਿੰਮ ਸ਼ੁਰੂ ਕੀਤੀ ਗਈ ਹੈ, ਜਿਸ ਤਹਿਤ ਸੀ.ਐੱਚ. ਸੀ ਗੁਰੂਹਰਸਹਾਏ ਵਿੱਚ ਦਵਾਈ ਲੈਣ ਆਏ 11 ਮਰੀਜ਼ਾਂ ਦੇ ਬੁਖ਼ਾਰ, ਨਜ਼ਲਾ, ਜ਼ੁਕਾਮ, ਖਾਂਸੀ ਆਦਿ ਮਰੀਜ਼ਾਂ ਦੇ ਫਲੂ ਕਾਰਨਰ ਵਿੱਚ ਨੇਜ਼ੋਫਰੈਂਜੀਅਲ ਸੈਂਪਲ ਲਏ ਗਏ ਅਤੇ ਐੱਮ.ਐੱਲ.ਟੀ ਅਜੇ ਕੁਮਾਰ ਵੱਲੋਂ ਪੈਕਿੰਗ ਕਰਕੇ ਸੈਂਪਲਾਂ ਵਿਚਲੇ ਤਾਪਮਾਨ ਨੂੰ ਮੇਨਟੇਨ ਕਰਦੇ ਹੋਏ ਸਿਵਲ ਸਰਜਨ ਦਫ਼ਤਰ ਫਿਰੋਜ਼ਪੁਰ ਵਿਖੇ ਪਹੁੰਚਾਇਆ ਗਿਆ, ਜਿੱਥੋਂ ਇਹ ਸੈਂਪਲ ਆਰ ਟੀ ਪੀ ਸੀ ਆਰ ਟੈਸਟ ਹੋਣ ਲਈ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਫ਼ਰੀਦਕੋਟ ਭੇਜੇ ਜਾਣੇ ਹਨ। ਇਸ ਉਪਰੰਤ ਟੀਮ ਵੱਲੋਂ ਮੈਡੀਕਲ ਅਫ਼ਸਰਾਂ ਨੂੰ ਸੈਂਪਲਿੰਗ ਦੀ ਟ੍ਰੇਨਿੰਗ ਵੀ ਦਿੱਤੀ ਗਈ।

ਉਨ੍ਹਾਂ ਦੱਸਿਆ ਕਿ ਰੈਂਡਮ ਸੈਂਪਲਿੰਗ ਕਰਨ ਦਾ ਮਕਸਦ ਇਹ ਹੈ ਕਿ ਜੇਕਰ ਕਿਸੇ ਵੀ ਇਲਾਕੇ ਦਾ ਕੋਈ ਪੋਜ਼ੇਟਿਵ ਕੇਸ ਨਿਕਲਦਾ ਹੈ ਤਾਂ ਰੈਪਿਡ ਰਿਸਪਾਂਸ ਟੀਮ ਆਪਣੇ ਪ੍ਰੋਟੋਕੋਲ ਦੇ ਹਿਸਾਬ ਨਾਲ ਉਸ ਇਲਾਕੇ ਵਿੱਚ ਤੁਰੰਤ ਆਪਣੀਆਂ ਗਤੀਵਿਧੀਆਂ ਕਰੇਗੀ ਤਾਂ ਜੋ ਇਹ ਇਨਫੈਕਸ਼ਨ ਨੂੰ ਉੱਥੇ ਹੀ ਰੋਕ ਕੇ ਅਗਾਂਹ ਫੈਲਣ ਤੋਂ ਰੋਕਿਆ ਜਾ ਸਕੇ। ਉਨ੍ਹਾਂ ਦੱਸਿਆ 1 ਹਜ਼ਾਰ ਦੀ ਆਬਾਦੀ ਦੇ ਅੰਦਰ ਜੇਕਰ 2 ਕੇਸ ਪੋਜ਼ੇਟਿਵ ਪਾਏ ਗਏ ਤਾਂ ਉਸ ਇਲਾਕੇ ਨੂੰ ਸੀਲ ਕਰਕੇ ਸਾਰੇ ਲੋਕਾਂ ਦੇ ਸੈਂਪਲ ਲਏ ਜਾਣਗੇ ਅਤੇ ਪ੍ਰੋਟੋਕੋਲ ਅਨੁਸਾਰ ਬਣਦੀ ਗਤੀਵਿਧੀ ਕੀਤੀ ਜਾਵੇਗੀ। ਇਸ ਮੌਕੇ ਡਾ.ਕਰਨਵੀਰ ਕੌਰ, ਡਾ. ਰਿੰਪਲ ਆਨੰਦ, ਬਿੱਕੀ ਕੌਰ ਬਲਾਕ ਐਕਸਟੈਂਸਨ ਐਜੂਕੇਟਰ, ਰਾਜ ਕੁਮਾਰ ਐਮ.ਐਲ.ਟੀ., ਇਕਬਾਲ ਚੰਦ ਅਤੇ ਜੀਤ ਲਾਲ ਆਦਿ ਹਾਜ਼ਰ ਸਨ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਿਰੋਜ਼ਪੁਰ

ਪ੍ਰੈਸ ਨੋਟ 2

ਵਿਧਾਇਕ ਪਰਮਿੰਦਰ ਸਿੰਘ ਪਿੰਕੀ ਨੇ ਦਾਣਾ ਮੰਡੀ ਫਿਰੋਜ਼ਪੁਰ ਛਾਉਣੀ ਵਿਖੇ ਸ਼ੁਰੂ ਕਰਵਾਈ ਕਣਕ ਦੀ ਖਰੀਦ, ਖਰੀਦ ਤੋਂ ਪਹਿਲਾਂ ਕਿਸਾਨਾਂ ਅਤੇ ਲੇਬਰ ਨੂੰ ਵੰਡੇ ਮਾਸਕ

ਕਿਹਾ, ਮੰਡੀਆਂ ਵਿਚ ਕਿਸਾਨਾਂ, ਆੜ੍ਹਤੀਆਂ ਅਤੇ ਲੇਬਰ ਨੂੰ ਕਿਸੇ ਤਰ੍ਹਾਂ ਦੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ

ਕਰੋਨਾ ਵਾਇਰਸ ਦੇ ਚੱਲਦਿਆਂ ਸੋਸ਼ਲ ਡਿਸਟੈਂਸਿੰਗ ਬਣਾ ਕੇ ਕਰਵਾਈ ਜਾ ਰਹੀ ਹੈ ਖਰੀਦ: ਡਿਪਟੀ ਕਮਿਸ਼ਨਰ

ਫਿਰੋਜ਼ਪੁਰ, 16 ਅਪ੍ਰੈਲ 2020.

ਵਿਧਾਇਕ ਫਿਰੋਜ਼ਪੁਰ ਸ਼ਹਿਰੀ ਸ੍ਰ: ਪਰਮਿੰਦਰ ਸਿੰਘ ਪਿੰਕੀ ਨੇ ਦਾਣਾ ਮੰਡੀ ਫਿਰੋਜ਼ਪੁਰ ਛਾਉਣੀ ਵਿਖੇ ਕਣਕ ਦੀ ਸਰਕਾਰੀ ਖਰੀਦ ਸ਼ੁਰੂ ਕਰਵਾਈ। ਕਣਕ ਦੀ ਖਰੀਦ ਸ਼ੁਰੂ ਕਰਵਾਉਣ ਤੋਂ ਪਹਿਲਾਂ ਉਨ੍ਹਾਂ ਵੱਲੋਂ ਕਿਸਾਨਾਂ ਅਤੇ ਲੇਬਰ ਨੂੰ ਸੈਨੇਟਾਈਜ਼ਰ, ਮਾਸਕ ਅਤੇ ਡਿਟੋਲ ਸਾਬਣ ਵੰਡੇ ਗਏ। ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰ: ਕੁਲਵੰਤ ਸਿੰਘ ਵੀ ਹਾਜ਼ਰ ਸਨ।

ਵਿਧਾਇਕ ਪਰਮਿੰਦਰ ਸਿੰਘ ਪਿੰਕੀ ਨੇ ਕਿਹਾ ਕਿ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵੱਲੋਂ ਪੂਰੇ ਸੂਬੇ ਅੰਦਰ ਕਣਕ ਦੀ ਨਿਰਵਿਘਨ ਖ਼ਰੀਦ, ਲਿਫ਼ਟਿੰਗ ਅਤੇ ਸਮੇਂ ਸਿਰ ਅਦਾਇਗੀ ਲਈ ਸਖ਼ਤ ਨਿਰਦੇਸ਼ ਦਿੱਤੇ ਗਏ ਹਨ। ਉਨ੍ਹਾਂ ਕਿਹਾ ਮੰਡੀਆਂ ਵਿਚ ਕਿਸਾਨਾਂ ਆੜ੍ਹਤੀਆਂ, ਲੇਬਰ, ਟਰਾਂਸਪੋਰਟਰਾਂ ਆਦਿ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਪੇਸ਼ ਨਹੀ ਆਉਣ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਖ਼ੁਰਾਕ ਤੇ ਸਿਵਲ ਸਪਲਾਈ ਵਿਭਾਗ ਵੱਲੋਂ ਖ਼ਰੀਦੀ ਗਈ ਕਣਕ ਦੀ ਢੋਆ ਢੁਆਈ ਲਈ ਟਰਾਂਸਪੋਰਟੇਸ਼ਨ ਅਤੇ ਲੇਬਰ ਦੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ ਅਤੇ ਜ਼ਿਲ੍ਹੇ ਦੀ ਕਿਸੇ ਵੀ ਅਨਾਜ ਮੰਡੀ ਵਿੱਚ ਬਾਰਦਾਨੇ ਦੀ ਘਾਟ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਕਿਸੇ ਵੀ ਕਿਸਾਨ ਨੂੰ ਮੰਡੀ ਵਿਚ ਨਹੀਂ ਰੁਕਣ ਦਿੱਤਾ ਜਾਵੇਗਾ ਕਿਸਾਨ ਸਵੇਰੇ ਆਪਣੀ ਕਣਕ ਮੰਡੀ ਵਿਚ ਲੈ ਕੇ ਆਵੇਗਾ ਅਤੇ ਸ਼ਾਮ ਤੱਕ ਆਪਣੀ ਫਸਲ ਵੇਚ ਕੇ ਘਰ ਚਲਾ ਜਾਵੇਗਾ। ਉਨ੍ਹਾਂ ਦੱਸਿਆ ਕਿ ਕਰੋਨਾ ਵਾਇਰਸ ਦੇ ਮੱਦੇਨਜ਼ਰ ਪੂਰੀ ਮੰਡੀ ਨੂੰ ਸੈਨੇਟਾਈਜ਼ਰ ਕਰਵਾਇਆ ਗਿਆ ਹੈ ਅਤੇ ਬਾਹਰੋਂ ਆਉਣ ਵਾਲੇ ਹਰੇਕ ਵਹੀਕਲ ਨੂੰ ਸੈਨੇਟਾਈਜ਼ਰ ਕੀਤਾ ਜਾ ਰਿਹਾ ਹੈ।

ਡਿਪਟੀ ਕਮਿਸ਼ਨਰ ਸ੍ਰ: ਕੁਲਵੰਤ ਸਿੰਘ ਨੇ ਦੱਸਿਆ ਕਿ ਮੰਡੀਆਂ ਵਿਚ ਕਿਸਾਨਾਂ, ਆੜ੍ਹਤੀਆਂ ਦੀ ਸਹੂਲਤ ਲਈ ਸਾਰੇ ਪ੍ਰਬੰਧ ਮੁਕੰਮਲ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਕਰੋਨਾ ਵਾਇਰਸ (ਕੋਵਿਡ-19) ਨੂੰ ਫੈਲਣ ਤੋਂ ਰੋਕਣ ਲਈ ਮੰਡੀਆਂ ਵਿਚ ਸ਼ੋਸਲ ਡਿਸਟੈਂਸਿੰਗ ਬਣਾਈ ਰੱਖਣੀ ਬਹੁਤ ਜ਼ਰੂਰੀ ਹੈ ਇਸ ਲਈ ਖਰੀਦ ਕਰਾਉਣ ਮੌਕੇ ਸ਼ੋਸਲ ਡਿਸਟੈਸਿੰਗ ਦਾ ਪੂਰਾ ਧਿਆਨ ਰੱਖਿਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੀਆਂ 199 ਮੰਡੀਆਂ ਵਿਚ ਕਣਕ ਦੀ ਖਰੀਦ ਕਰਵਾਈ ਜਾ ਰਹੀ ਹੈ ਅਤੇ ਹੁਣ ਤੱਕ ਜ਼ਿਲ੍ਹੇ ਦੇ 1200 ਕਿਸਾਨਾਂ ਨੂੰ ਕਣਕ ਮੰਡੀਆਂ ਵਿਚ ਲਿਆਉਣ ਲਈ ਪਾਸ ਜਾਰੀ ਕਰ ਦਿੱਤੇ ਗਏ ਹਨ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀਆਂ ਵਿਚ ਸੁੱਕੀ ਕਣਕ ਹੀ ਲੈ ਕੇ ਆਉਣ, ਤਾਂ ਜੋ ਉਸ ਦੀ ਖ਼ਰੀਦ ਸਬੰਧੀ ਕੋਈ ਦਿੱਕਤ ਪੇਸ਼ ਨਾ ਆਵੇ। ਉਨ੍ਹਾਂ ਕਿਹਾ ਕਿ ਮੰਡੀਆਂ ਨੂੰ ਪੂਰੇ ਪ੍ਰਬੰਧ ਕੀਤੇ ਗਏ ਹਨ ਹਰੇਕ ਕਿਸਾਨ ਆਪਣੀ ਫਸਲ ਕਰਫ਼ਿਊ ਪਾਸ ਪ੍ਰਾਪਤ ਹੋਣ ਤੋਂ ਬਾਅਦ ਹੀ ਮੰਡੀ ਵਿਚ ਲੈ ਕੇ ਆਉਣ।

ਇਸ ਮੌਕੇ ਐਸ.ਡੀ.ਐਮ ਸ਼੍ਰੀ ਅਮਿੱਤ ਗੁਪਤਾ, ਡੀ.ਐਫ.ਐਸ.ਸੀ ਸ਼੍ਰੀ ਪਿੰਦਰ ਸਿੰਘ ਤੋ ਇਲਾਵਾ ਵੱਖ-ਵੱਖ ਖਰੀਦ ਏਜੰਸੀਆਂ ਦੇ ਅਧਿਕਾਰੀ, ਆੜ੍ਹਤੀਏ ਅਤੇ ਕਿਸਾਨ ਹਾਜ਼ਰ ਸਨ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ

ਪ੍ਰੈਸ ਨੋਟ ਨੰ:3

ਫਿਰੋਜ਼ਪੁਰ ਲੰਗਰ ਸੇਵਾ ਸੁਸਾਇਟੀ ਨੇ ਸਿਵਲ ਹਸਪਤਾਲ ਨੂੰ ਭੇਟ ਕੀਤੀਆਂ 51 ਪੀ.ਪੀ.ਈ. ਕਿੱਟਾਂ

ਕਰਫ਼ਿਊ ਤੋਂ ਲੈ ਕੇ ਹੁਣ ਤੱਕ ਲੰਗਰ ਸੇਵਾ ਸੋਸਾਇਟੀ ਵੱਲੋਂ ਜ਼ਰੂਰਤਮੰਦਾਂ ਨੂੰ ਖਾਣਾ ਤੇ ਰਾਸ਼ਨ ਮੁਹੱਈਆ ਕਰਵਾਇਆ ਜਾ ਰਿਹਾ ਹੈ

ਫਿਰੋਜ਼ਪੁਰ 16 ਅਪ੍ਰੈਲ 2020 ( )

ਕੋਰੋਨਾ ਵਾਇਰਸ ਤੋਂ ਬਚਾਅ ਨੂੰ ਲੈ ਕੇ ਦੇਸ਼ ਭਰ ਵਿੱਚ ਜਾਰੀ ਲੋਕਡਾਈਨ ਦੇ ਵਿੱਚ ਆਪਣੀ ਜਾਨ ਦੀ ਬਾਜ਼ੀ ਲਗਾ ਕੇ ਮਰੀਜ਼ਾਂ ਦਾ ਇਲਾਜ ਕਰ ਰਹੇ ਡਾਕਟਰਾਂ ਦੀ ਜਿੰਨੀ ਤਾਰੀਫ਼ ਕੀਤੀ ਜਾਵੇ ਘੱਟ ਹੈ। ਡਾਕਟਰ ਅਤੇ ਫ਼ਰੰਟ ਫੂਟ ਤੇ ਕੰਮ ਕਰ ਰਹੀ ਰੈਪਿੰਡ ਰਿਸਪੌਂਸ ਟੀਮ ਦੇ ਮੈਂਬਰ ਦਿਨ ਰਾਤ ਮਿਹਨਤ ਕਰਕੇ ਜ਼ਿਲ੍ਹੇ ਨੂੰ ਕੋਰੋਨਾ ਮੁਕਤ ਜ਼ਿਲ੍ਹਾ ਬਣਾਈ ਰੱਖਣ ਲਈ ਯਤਨਸ਼ੀਲ ਹਨ। ਉਨ੍ਹਾਂ ਦੀ ਇਸ ਸਖ਼ਤ ਮਿਹਨਤ ਦੇ ਚੱਲਦਿਆਂ ਜ਼ਿਲ੍ਹੇ ਵਿੱਚ ਹੁਣ ਤੱਕ ਇੱਕ ਵੀ ਕੋਰੋਨਾ ਪਾਜ਼ੀਟਿਵ ਕੇਸ ਨਹੀਂ ਆਇਆ ਹੈ। ਜ਼ਿਲ੍ਹੇ ਵਿੱਚ ਡਾਕਟਰਾਂ ਅਤੇ ਫਰੰਟ ਫੂਟ ਤੇ ਕੰਮ ਕਰ ਰਹੇ ਸਿਹਤ ਵਿਭਾਗ ਦੇ ਕਰਮਚਾਰੀਆਂ ਨੂੰ ਸਾਹਮਣੇ ਆ ਰਹੀ ਪੀ.ਪੀ.ਈ. ਕਿੱਟ ਦੀ ਸਮੱਸਿਆ ਨੂੰ ਘੱਟ ਕਰਨ ਲਈ ਅਤੇ ਉਨ੍ਹਾਂ ਦੀ ਹੌਸਲਾ ਅਫਜਾਈ ਲਈ ਵੀਰਵਾਰ ਨੂੰ ਫਿਰੋਜ਼ਪੁਰ ਲੰਗਰ ਸੇਵਾ ਸੁਸਾਇਟੀ ਵੱਲੋਂ ਸਿਵਲ ਹਸਪਤਾਲ ਦੇ ਐੱਸ.ਐੱਮ.ਓ. ਅਵਿਨਾਸ਼ ਜਿੰਦਲ ਨੂੰ 51 ਪੀ.ਪੀ.ਈ. ਕਿੱਟਾਂ ਭੇਟ ਕੀਤੀਆਂ ਗਈਆਂ ਹਨ। ਲੰਗਰ ਸੇਵਾ ਸੁਸਾਇਟੀ ਦੇ ਸੰਚਾਲਕ ਸ਼ਲਿੰਦਰ ਕੁਮਾਰ ਨੇ ਐੱਸ.ਐੱਮ.ਓ. ਨੂੰ ਵਿਸ਼ਵਾਸ ਦਵਾਇਆ ਕਿ ਕੋਰੋਨਾ ਦੇ ਖਿਲਾਫ ਜਾਰੀ ਜੰਗ ਵਿੱਚ ਸਿਵਲ ਹਸਪਤਾਲ ਨੂੰ ਕਿਸੇ ਵੀ ਤਰ੍ਹਾਂ ਦੀ ਜ਼ਰੂਰਤ ਹੋਵੇਗੀ ਤਾਂ ਸੁਸਾਇਟੀ ਦੇ ਮੈਂਬਰ ਹਰ ਸੰਭਵ ਕੋਸ਼ਿਸ਼ ਕਰਨਗੇ।

ਫਿਰੋਜ਼ਪੁਰ ਲੰਗਰ ਸੇਵਾ ਸੁਸਾਇਟੀ ਵੱਲੋਂ ਬੀਤੇ ਕਾਫ਼ੀ ਸਮੇਂ ਤੋਂ ਸਿਵਲ ਹਸਪਤਾਲ ਵਿੱਚ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰ ਨੂੰ ਲੰਗਰ ਖਿਲਾਉਣ ਦੀ ਸੇਵਾ ਕੀਤੀ ਜਾ ਰਹੀ ਸੀ। ਜਿਸ ਦਿਨ ਤੋਂ ਪ੍ਰਦੇਸ਼ ਵਿੱਚ ਕੋਰੋਨਾ ਵਾਇਰਸ ਦੇ ਪ੍ਰਭਾਵ ਨੂੰ ਦੇਖਦਿਆਂ ਕਰਫ਼ਿਊ ਲਗਾਇਆ ਗਿਆ ਹੈ ਉਸੇ ਦਿਨ ਤੋਂ ਫਿਰੋਜ਼ਪੁਰ ਲੰਗਰ ਸੇਵਾ ਸੋਸਾਇਟੀ ਵੱਲੋਂ ਜ਼ਰੂਰਤਮੰਦਾਂ ਨੂੰ ਖਾਣਾ ਤੇ ਰਾਸ਼ਨ ਮੁਹੱਈਆ ਕਰਵਾਇਆ ਜਾ ਰਿਹਾ ਹੈ। ਇਸੇ ਕੜੀ ਤਹਿਤ ਵੀਰਵਾਰ ਨੂੰ 1 ਹਜ਼ਾਰ ਤੋਂ ਜ਼ਿਆਦਾ ਜ਼ਰੂਰਤਮੰਦ ਲੋਕਾਂ ਨੂੰ ਲੰਗਰ ਖਵਾਇਆ ਜਾ ਰਿਹਾ ਹੈ। ਲੰਗਰ ਸੇਵਾ ਦੇ ਨਾਲ-ਨਾਲ ਸੋਸਾਇਟੀ ਮੈਂਬਰਾਂ ਨੇ ਦੇਖਿਆ ਕਿ ਸਿਵਲ ਹਸਪਤਾਲ ਵਿੱਚ ਡਾਕਟਰ ਕੋਰੋਨਾ ਖਿਲਾਫ ਜਾਰੀ ਜੰਗ ਵਿੱਚ ਦਿਨ-ਰਾਤ ਪੂਰੇ ਹੌਸਲੇ ਤੇ ਜਜ਼ਬੇ ਦੇ ਨਾਲ ਇਹ ਲੜਾਈ ਲੜ ਰਹੇ ਹਨ। ਸੋਸਾਇਟੀ ਮੈਂਬਰਾਂ ਨੇ ਸੋਚਿਆ ਕਿ ਸਾਡਾ ਜ਼ਿਲ੍ਹਾ ਹਾਲੇ ਤਾਂ ਕੋਰੋਨਾ ਵਾਇਰਸ ਤੋਂ ਬਚਿਆ ਹੈ ਅਤੇ ਪਰ ਸਾਨੂੰ ਵੀ ਆਪਣਾ ਕੁੱਝ ਯੋਗਦਾਨ ਪਾਉਣਾ ਚਾਹੀਦਾ ਹੈ ਜਿਸ ਤੇ ਵਿਚਾਰ ਕਰਦਿਆਂ ਉਨ੍ਹਾਂ ਸਿਵਲ ਹਸਪਤਾਲ ਨੂੰ 51 ਪੀਪੀਈ ਕਿੱਟ ਭੇਂਟ ਕਰਨ ਦਾ ਮਨ ਬਣਾਇਆ ਤੇ ਵੀਰਵਾਰ ਨੂੰ 51 ਪੀਪੀਈ ਕਿੱਟ ਐੱਸਐੱਮਓ ਅਵਿਨਾਸ਼ ਜਿੰਦਲ ਨੂੰ ਸੌਂਪੀਆਂ।

ਇਸ ਮੌਕੇ ਐੱਸਐੱਮਓ ਨੇ ਫਿਰੋਜ਼ਪੁਰ ਲੰਗਰ ਸੇਵਾ ਸੋਸਾਇਟੀ ਦੇ ਮੈਂਬਰਾਂ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਕੋਰੋਨਾ ਦੇ ਖਿਲਾਫ ਜਾਰੀ ਜੰਗ ਵਿੱਚ ਫਰੰਟ ਫੂਟ ਤੇ ਕੰਮ ਕਰੇ ਸਿਹਤ ਕਰਮਚਾਰੀ ਨੂੰ ਪੀਪੀਈ ਕਿੱਟ ਮਿਲਣ ਤੇ ਉਹ ਸੁਰੱਖਿਅਤ ਤਰੀਕੇ ਨਾਲ ਆਪਣੀ ਡਿਊਟੀ ਹੋਰ ਜੋਸ਼ ਨਾਲ ਨਿਭਾਉਣਗੇ। ਇਸ ਮੌਕੇ ਫਿਰੋਜ਼ਪੁਰ ਲੰਗਰ ਸੇਵਾ ਸੋਸਾਇਟੀ ਸੰਚਾਲਕ ਸ਼ੈਲੇਂਦਰ ਕੁਮਾਰ ਨੇ ਕਿਹਾ ਕਿ ਸਾਨੂੰ ਇਸ ਕੁਦਰਤ ਨੇ ਤਾਂ ਸਮਾਜ ਨੂੰ ਵੀ ਇੰਨ੍ਹਾ ਕੁੱਝ ਦਿੱਤਾ ਹੈ, ਜਿਸ ਦੇ ਚੱਲਦੇ ਅਸੀਂ ਆਪਣਾ ਵਧੀਆ ਜੀਵਨ ਬਤੀਤ ਕਰ ਰਹੇ ਹਾਂ। ਉਨ੍ਹਾਂ ਨੇ ਕਿਹਾ ਕਿ ਹੁਣ ਉਹ ਮੌਕਾ ਹੈ ਕਿ ਅਸੀਂ ਆਪਣੇ ਸਮਾਜ ਦੀ ਸੁਰੱਖਿਆ ਦੇ ਲਈ ਕੁੱਝ ਕਰੀਏ ਤਾਂ ਜੋ ਸਾਡਾ ਸਮਾਜ ਸਾਡਾ ਦੇਸ਼ ਸਵਾਸਥ ਤੇ ਸੁਰੱਖਿਅਤ ਰਹੇ। ਇਸ ਦੇ ਚੱਲਦੇ ਅੱਜ ਸੁਸਾਇਟੀ ਵੱਲੋਂ 50 ਪੀਪੀਈ ਕਿੱਟ ਤੇ 1 ਡੈਮੋ ਪੀਪੀਈ ਕਿੱਟ ਸਿਵਲ ਹਸਪਤਾਲ ਦੇ ਐੱਸਐੱਮਓ ਅਵਿਨਾਸ਼ ਜਿੰਦਲ ਨੂੰ ਭੇਂਟ ਕੀਤੀ ਗਈ। ਉਨ੍ਹਾਂ ਨੇ ਕਿਹਾ ਕਿ ਸੋਸਾਇਟੀ ਵੱਲੋਂ ਸਿਵਲ ਹਸਪਤਾਲ ਵਿੱਚ ਸੇਵਾਵਾਂ ਦੇ ਰਹੇ ਡਾਕਟਰਾਂ ਨੂੰ ਹਰ ਸੰਭਵ ਸਹਾਇਤਾ ਉਪਲੱਬਧ ਕਰਵਾਈ ਜਾਵੇਗੀ। ਇਸ ਮੌਕੇ ਸੋਸਾਇਟੀ ਦੇ ਮੈਂਬਰ ਕਰਨ ਕਟਾਰੀਆ, ਗੁਰਪ੍ਰੀਤ ਢਿੱਲੋਂ, ਵਿਸ਼ਾਲ ਸੇਠੀ, ਵਿਕਾਸ ਪਾਸੀ, ਹਰਸ਼ ਅਰੋੜਾ, ਵਿਪੁਲ ਨਾਰੰਗ, ਜਿੰਮੀ ਕੱਕੜ, ਅਮਿਤ ਸੇਠੀ, ਸੁਨੀਲ ਅਰੋੜਾ, ਵਿਕਾਸ ਗੁਪਤਾ, ਮਨੀਸ਼, ਅਨੂ ਭੱਲਾ, ਰਿਸ਼ੂ ਚਾਵਲਾ ਤੇ ਆਸੀਸ਼ ਚਾਵਲਾ ਤੋਂ ਇਲਾਵਾ ਰੈੱਡ ਕਰਾਸ ਦੇ ਸਕੱਤਰ ਅਸ਼ੋਕ ਬਹਿਲ ਵੀ ਮੌਜੂਦ ਸਨ।